ਮਾਲੀ ਗਉੜਾ ਮਹਲਾ ੪ ॥ ਮੇਰੇ ਮਨ ਹਰਿ ਭਜੁ ਸਭ ਕਿਲਬਿਖ ਕਾਟ ॥ ਹਰਿ ਹਰਿ ਉਰ ਧਾਰਿਓ ਗੁਰਿ ਪੂਰੈ ਮੇਰਾ ਸੀਸੁ ਕੀਜੈ ਗੁਰ ਵਾਟ ॥ ੧॥ ਰਹਾਉ ॥ ਮੇਰੇ ਹਰਿ ਪ੍ਰਭ ਕੀ ਮੈ ਬਾਤ ਸੁਨਾਵੈ ਤਿਸੁ ਮਨੁ ਦੇਵਉ ਕਟਿ ਕਾਟ ॥ ਹਰਿ ਸਾਜਨੁ ਮੇਲਿਓ ਗੁਰਿ ਪੂਰੈ ਗੁਰ ਬਚਨਿ ਬਿਕਾਨੋ ਹਟਿ ਹਾਟ ॥੧॥ ਮਕਰ ਪ੍ਰਾਗਿ ਦਾਨੁ ਬਹੁ ਕੀਆ ਸਰੀਰੁ ਦੀਓ ਅਧ ਕਾਟਿ ॥ ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵੈ ਬਹੁ ਕੰਚਨੁ ਦੀਜੈ ਕਟਿ ਕਾਟ ॥ ੨॥ ਹਰਿ ਕੀਰਤਿ ਗੁਰਮਤਿ ਜਸੁ ਗਾਇਓ ਮਨਿ ਉਘਰੇ ਕਪਟ ਕਪਾਟ ॥ ਤ੍ਰਿਕੁਟੀ ਫੋਰਿ ਭਰਮੁ ਭਉ ਭਾਗਾ ਲਜ ਭਾਨੀ ਮਟੁਕੀ ਮਾਟ ॥ ੩॥ ਕਲਜੁਗਿ ਗੁਰੁ ਪੂਰਾ ਤਿਨ ਪਾਇਆ ਜਿਨ ਧੁਰਿ ਮਸਤਕਿ ਲਿਖੇ ਲਿਲਾਟ ॥ ਜਨ ਨਾਨਕ ਰਸੁ ਅੰਮ੍ਰਿਤੁ ਪੀਆ ਸਭ ਲਾਥੀ ਭੂਖ ਤਿਖਾਟ ॥੪॥੬॥ ਛਕਾ ੧ ॥ {ਪੰਨਾ 986}

ਪਦਅਰਥ:- ਮਨ—ਹੇ ਮਨ! ਭਜੁ—ਭਜਨ ਕਰ। ਕਿਲਬਿਖ—ਪਾਪ। ਉਰ—ਹਿਰਦਾ। ਗੁਰਿ ਪੂਰੇ—ਪੂਰੇ ਗੁਰੂ ਨੇ। ਸੀਸੁ—ਸਿਰ। ਕੀਜੈ—ਕਰਨਾ ਚਾਹੀਦਾ ਹੈ (ਭੇਟਾ)। ਵਾਟ—ਰਸਤਾ।1। ਰਹਾਉ।

ਮੈ—ਮੈਨੂੰ। ਬਾਤ—ਸਿਫ਼ਤਿ-ਸਾਲਾਹ ਦੀ ਗੱਲ। ਤਿਸੁ—ਉਸ (ਮਨੁੱਖ) ਨੂੰ। ਦੇਵਉ—ਦੇਵਉਂ, ਮੈਂ ਦਿਆਂ। ਕਟਿ—ਕੱਟ ਕੇ। ਮੇਲਿਓ—ਮਿਲਾਇਆ। ਗੁਰਿ ਪੂਰੈ—ਪੂਰੇ ਗੁਰੂ ਨੇ। ਗੁਰ ਬਚਨਿ—ਗੁਰ ਦੇ ਬਚਨ ਦੀ ਰਾਹੀਂ। ਹਟਿ—ਹੱਟ ਤੇ। ਹਟਿ ਹਾਟ—ਹੱਟੀ ਹੱਟੀ ਤੇ।1।

ਮਕਰ—ਮਕਰ ਰਾਸਿ ਵੇਲੇ, ਜਦੋਂ ਸੂਰਜ ਮਕਰ ਰਾਸਿ ਵਿਚ ਦਾਖ਼ਲ ਹੁੰਦਾ ਹੈ, ਮਾਘ ਦੀ ਸੰਗ੍ਰਾਂਦ ਨੂੰ। ਪ੍ਰਾਗਿ—ਪ੍ਰਯਾਗ ਤੀਰਥ ਤੇ। ਕਾਟਿ—ਕੱਟ ਕੇ (ਕਰਵੱਤ੍ਰ ਨਾਲ ਕਾਂਸ਼ੀ ਜਾ ਕੇ)। ਕੋ—ਕੋਈ ਭੀ ਮਨੁੱਖ। ਕੰਚਨੁ—ਸੋਨਾ। ਦੀਜੈ—ਜੇ ਦਿੱਤਾ ਜਾਏ।2।

ਕੀਰਤਿ—ਸਿਫ਼ਤਿ-ਸਾਲਾਹ। ਗੁਰਮਤਿ—ਗੁਰੂ ਦੀ ਮਤਿ ਲੈ ਕੇ। ਜਸੁ—ਸਿਫ਼ਤਿ-ਸਾਲਾਹ। ਮਨਿ—ਮਨ ਵਿਚ। ਕਪਟ ਕਪਾਟ—ਕਿਵਾੜ। ਤ੍ਰਿਕੁਟੀ—{ਤ੍ਰਿ-ਤਿੰਨ। ਕੁਟੀ—ਵਿੰਗੀ ਲਕੀਰ} ਮੱਥੇ ਉਤੇ ਪਈਆਂ ਤਿੰਨ ਵਿੰਗੀਆਂ ਲਕੀਰਾਂ, ਤ੍ਰਿਊੜੀ, ਮਨ ਦੀ ਖਿੱਝ। ਫੋਰਿ—ਤੋੜ ਕੇ, ਦੂਰ ਕਰ ਕੇ। ਭਰਮੁ—ਭਟਕਣਾ। ਭਉ—ਡਰ {ਇਕ-ਵਚਨ}। ਲਜ—ਲੋਕ-ਰਾਜ (ਦੀ)। ਮਟੁਕੀ—ਨਿੱਕਾ ਜਿਹਾ ਮੱਟ।3।

ਕਲਜੁਗਿ—ਕਲਜੁਗ ਵਿਚ, ਕਲੇਸ਼ਾਂ-ਭਰੇ ਜਗਤ ਵਿਚ। ਤਿਨੁ—{ਬਹੁ-ਵਚਨ} ਉਹਨਾਂ ਨੇ। ਜਿਨੁ ਮਸਤਕਿ—ਜਿਨ੍ਹਾਂ ਦੇ ਮੱਥੇ ਉਤੇ। ਲਿਲਾਟ—ਮੱਥਾ। ਧੁਰਿ—ਧੁਰੋਂ, ਪ੍ਰਭੂ ਦੇ ਹੁਕਮ ਅਨੁਸਾਰ। ਰਸੁ ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਸਭ—ਸਾਰੀ। ਤਿਖਾਟ—ਤਿਖ, ਤ੍ਰੇਹ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਹਰਿ-ਨਾਮ ਸਾਰੇ ਪਾਪ ਦੂਰ ਕਰਨ ਵਾਲਾ ਹੈ। ਪਰ ਇਹ ਹਰਿ-ਨਾਮ ਸਦਾ ਪੂਰੇ ਗੁਰੂ ਨੇ ਹੀ (ਪ੍ਰਾਣੀ ਦੇ) ਹਿਰਦੇ ਵਿਚ ਵਸਾਇਆ ਹੈ, (ਮੇਰੇ ਚੰਗੇ ਭਾਗ ਹੋਣ, ਜੇ) ਮੇਰਾ ਸਿਰ (ਅਜਿਹੇ) ਗੁਰੂ ਦੇ ਰਸਤੇ ਵਿਚ (ਭੇਟਾ) ਕੀਤਾ ਜਾਏ।1। ਰਹਾਉ।

ਹੇ ਭਾਈ! ਜਿਹੜਾ ਕੋਈ ਮੈਨੂੰ ਪਿਆਰੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਗੱਲ ਸੁਣਾਵੇ, ਮੈਂ ਉਸ ਨੂੰ ਆਪਣਾ ਮਨ ਟੋਟੇ ਟੋਟੇ ਕਰ ਕੇ ਦੇ ਦਿਆਂ। ਹੇ ਭਾਈ! ਪੂਰੇ ਗੁਰੂ ਨੇ ਹੀ ਸੱਜਣ-ਪ੍ਰਭੂ ਮਿਲਾਇਆ ਹੈ। ਗੁਰੂ ਦੇ ਬਚਨ ਦੀ ਬਰਕਤ ਨਾਲ ਮੈਂ ਉਸ ਦਾ ਹੱਟੀ ਹੱਟੀ ਵਿਕਿਆ (ਗੁਲਾਮ) ਬਣ ਚੁਕਾ ਹਾਂ।1।

ਹੇ ਭਾਈ! ਕਿਸੇ ਨੇ ਤਾਂ ਮਾਘ ਦੀ ਸੰਗ੍ਰਾਂਦ ਤੇ ਪ੍ਰਯਾਗ-ਤੀਰਥ ਉਤੇ (ਜਾ ਕੇ) ਬਹੁਤ ਦਾਨ ਕੀਤਾ, ਕਿਸੇ ਨੇ ਕਾਸ਼ੀ ਜਾ ਕੇ ਕਰਵੱਤ੍ਰ ਨਾਲ ਆਪਣਾ ਸਰੀਰ ਦੁ-ਫਾੜ ਕਰਾ ਦਿੱਤਾ (ਪਰ ਇਹ ਸਭ ਕੁਝ ਵਿਅਰਥ ਹੀ ਗਿਆ, ਕਿਉਂਕਿ) ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾ ਕੋਈ ਭੀ ਮਨੁੱਖ ਮੁਕਤੀ (ਵਿਕਾਰਾਂ ਤੋਂ ਖ਼ਲਾਸੀ) ਹਾਸਲ ਨਹੀਂ ਕਰ

ਸਕਦਾ, ਭਾਵੇਂ ਤੀਰਥਾਂ ਤੇ ਜਾ ਕੇ ਬਹੁਤ ਸਾਰਾ ਸੋਨਾ ਭੀ ਥੋੜਾ ਥੋੜਾ ਕਰ ਕੇ ਅਨੇਕਾਂ ਨੂੰ ਦਾਨ ਦਿੱਤਾ ਜਾਏ।2।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ, ਪ੍ਰਭੂ ਦਾ ਜਸ ਗਾਵਿਆ, ਉਸ ਦੇ ਮਨ ਵਿਚਲੇ ਕਿਵਾੜ ਖੁੱਲ੍ਹ ਗਏ (ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ)। ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨ ਦੀ ਖਿੱਝ ਦੂਰ ਕੀਤਿਆਂ ਜਿਸ ਮਨੁੱਖ ਦੇ ਅੰਦਰੋਂ ਹਰੇਕ ਕਿਸਮ ਦਾ ਵਹਿਮ ਤੇ ਡਰ ਦੂਰ ਹੋ ਗਿਆ, ਉਸ ਦੀ ਲੋਕ-ਲਾਜ ਦੀ ਮਟੁਕੀ ਭੀ ਟੁੱਟ ਗਈ (ਜਿਹੜੀ ਉਹ ਸਦਾ ਆਪਣੇ ਸਿਰ ਉੱਤੇ ਚੁੱਕੀ ਫਿਰਦਾ ਸੀ)।3।

ਹੇ ਦਾਸ ਨਾਨਕ! (ਆਖ—) ਇਸ ਜਗਤ ਵਿਚ ਪੂਰਾ ਗੁਰੂ ਉਹਨਾਂ ਪ੍ਰਾਣੀਆਂ ਨੇ ਹੀ ਲੱਭਾ ਹੈ, ਜਿਨ੍ਹਾਂ ਦੇ ਮੱਥੇ ਉਤੇ ਧੁਰੋਂ ਹੀ ਅਜਿਹੇ ਲੇਖ ਲਿਖੇ ਹੁੰਦੇ ਹਨ। (ਅਜਿਹੇ ਬੰਦਿਆਂ ਨੇ ਜਦੋਂ ਗੁਰੂ ਦੀ ਕਿਰਪਾ ਨਾਲ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ, ਉਹਨਾਂ ਦੀ ਮਾਇਆ ਵਾਲੀ ਸਾਰੀ ਭੁੱਖ ਤ੍ਰੇਹ ਲਹਿ ਗਈ।4।6।

ਛਕਾ—ਛੱਕਾ, ਛੇ ਸ਼ਬਦਾਂ ਦਾ ਜੋੜ।